ਦਫਤਰ ਜਿਲਾ ਮੈਜਿਸਟਰੇਟ, ਜਲੰਧਰ
Office of the District Magistrate
Jalandhar (Punjab)

No. ......................
Date ......................

Phone :0181-2224783(O)
:0181-2459664(R)
Fax :0181-2224727
Email: dc.jal@punjabmail.gov.in

## ਹੁਕਮ

ਕੋਵਿਡ-19 (ਕਰੋਨਾ ਵਾਇਰਸ) ਵਾਇਰਸ ਵੱਲੋਂ ਪੂਰੇ ਵਿਸ਼ਵ ਵਿੱਚ ਦਹਿਸ਼ਤ ਫੈਲਾਈ ਹੈ। ਜਿਸ ਨੂੰ ਸਰਕਾਰ ਵੱਲੋਂ ਵੀ ਮਹਾਂਮਾਰੀ ਬਿਮਾਰੀ ਘੋਸ਼ਿਤ ਕੀਤਾ ਜਾ ਚੁੱਕਾ ਹੈ ਅਤੇ ਇਸ ਨੇ ਆਪਣੇ ਪੈਰ ਭਾਰਤ ਵਿੱਚ ਵੀ ਪਸਾਰਨੇ ਸ਼ੁਰੂ ਕਰ ਦਿੱਤੇ ਹਨ। ਜਿਸ ਦੀ ਰੋਕਥਾਮ ਕਰਨੀ ਬਹੁਤ ਜਰੂਰੀ ਹੋ ਚੁੱਕੀ ਹੈ।

ਇਸ ਸਬੰਧੀ ਇਸ ਦਫਤਰ ਦੇ ਪੱਤਰ ਨੰ 3062-85/ਐਮ.ਸੀ-4/ਐਮ.ਏ ਮਿਤੀ 23-03-2020 ਰਾਂਹੀ ਜਿਲ੍ਹਾ ਜਲੰਧਰ ਵਿੱਚ ਕਰਫਿਊ ਲਾਗੂ ਕਰਨ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ। ਲੋਕਾਂ ਦੀਆਂ ਸਿਹਤ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਉਕਤ ਹੁਕਮਾਂ ਵਿੱਚ ਹੇਠ ਅਨੁਸਾਰ ਅੰਸ਼ਿਕ ਸੋਧ ਕੀਤੀ ਜਾਂਦੀ ਹੈ:-

1. ਜਲੰਧਰ ਜਿਲ੍ਹੇ ਦੀ ਹਦੂਦ ਅੰਦਰ ਸਾਰੀਆਂ ਮੈਡੀਕਲ ਲੈਬੋਟਰੀਆਂ ਹਰ ਰੋਜ ਸਵੇਰੇ 05.00 ਵਜੇ ਤੋਂ ਦੁਪਿਹਰ 12.00 ਵਜੇ ਤੱਕ ਖੁਲੀਆਂ ਰਹਿਣਗੀਆਂ।
2. ਇਹਨਾਂ ਲੈਬੋਟਰੀਆਂ ਤੋਂ ਮੈਡੀਕਲ ਟੈਸਟ ਕਰਵਾਉਣ ਲਈ ਸਿਰਫ ਐਮਰਜੈਂਸੀ ਦੌਰਾਨ ਇਕ ਪਰਿਵਾਰ ਤੋਂ ਸਿਰਫ ਇੱਕ ਵਿਅਕਤੀ ਹੀ ਜਾ ਸਕਦਾ ਹੈ, ਪਰੰਤੂ ਸ਼ਰਤ ਇਹ ਹੋਵੇਗੀ ਕਿ ਉਹ ਟੈਸਟ ਕਰਵਾਉਣ ਲਈ ਪੈਦਲ ਜਾਵੇਗਾ, ਉਸ ਨੂੰ ਕੋਈ ਵੀ ਵਹੀਕਲ ਵਰਤਨ ਦੀ ਮਨਾਹੀ ਹੋਵੇਗੀ। ਜੇਕਰ ਮਰੀਜ ਖੁਦ ਪੈਦਲ ਤੁਰ ਕੇ ਲੈਬੋਟਰੀ ਤੱਕ ਨਹੀਂ ਜਾ ਸਕਦਾ ਤਾਂ ਉਸ ਦਾ ਸੈਂਪਲ ਲੈਣ ਲਈ ਲੈਬੋਟਰੀ ਦਾ ਕਰਮਚਾਰੀ ਮਰੀਜ ਦੇ ਘਰ ਜਾ ਕੇ ਮਰੀਜ ਦਾ ਸੈਂਪਲ ਲੈ ਸਕਦਾ ਹੈ। ਲੈਬ ਟੈਕਨੀਸ਼ਨ ਅਤੇ ਲੈਬੋਟਰੀਆਂ ਚਲਾਉਣ ਵਾਲੇ ਡਾਕਟਰਜ਼ ਨੂੰ ਕਿਸੇ ਕਰਫਿਊ ਪਾਸ ਦੀ ਲੋੜ ਨਹੀਂ ਹੋਵੇਗੀ ਬਲਕਿ ਉਹਨਾਂ ਦੀ ਲੈਬੋਟਰੀ ਦਾ ਸ਼ਨਾਖਤੀ ਕਾਰਡ (Identity Card) ਹੀ ਉਹਨਾਂ ਦੇ ਕਰਫਿਊ ਪਾਸ ਦਾ ਕੰਮ ਕਰੇਗਾ। ਉਹਨਾਂ ਲਈ ਇਹ ਜਰੂਰੀ ਹੋਵੇਗਾ ਕਿ ਇਸ ਸਮੇਂ ਦੌਰਾਨ ਆਪਣੀ ਲੈਬੋਟਰੀ ਦਾ ਸ਼ਨਾਖਤੀ ਕਾਰਡ ਆਪਣੇ ਪਾਸ ਰੱਖਣ ਅਤੇ ਕਿਸੇ ਵੀ ਨਾਕੇ ਤੇ ਮੰਗਣ ਤੇ ਇਹ ਸ਼ਨਾਖਤੀ ਕਾਰਡ ਦਿਖਾਇਆ ਜਾ ਸਕਦਾ ਹੈ।
3. ਜਦੋਂ ਇਹ ਵਿਅਕਤੀ ਟੈਸਟ ਕਰਵਾਉਣ ਜਾਂਦਾ ਹੈ ਤਾਂ ਉਸ ਪਾਸ ਡਾਕਟਰ ਦੀ ਲਿਖੀ ਹੋਈ ਪਰਚੀ (Presecription) ਹੋਣੀ ਲਾਜਮੀ ਹੋਵੇਗੀ।
4. ਇਹ ਲੈਬੋਟਰੀ ਮਾਲਕ ਇਹ ਯਕੀਨੀ ਬਣਾਉਣਗੇ ਕਿ ਲੈਬ ਦੇ ਬਾਹਰ ਚਿੱਟੇ ਰੰਗ ਦੇ ਗੋਲੇ ਬਣਾਏ ਗਏ ਹੋਣ ਤਾਂ ਜੋ ਸਮਾਜਿਕ ਦੂਰੀ (Social Distance) ਸਬੰਧੀ ਸਿਹਤ ਵਿਭਾਗ ਦੀਆਂ ਹਦਾਇਤਾਂ ਮੁਤਾਬਿਕ ਘੱਟੋ-ਘੱਟ 2 ਵਿਅਕਤੀਆਂ ਵਿਚਕਾਰ 1.5 ਮੀਟਰ ਦਾ ਫਾਸਲਾ ਰੱਖਿਆ ਜਾਵੇ ਤਾਂ ਜੋ ਕਰੋਨਾ ਵਾਇਰਸ ਦੀ ਬਿਮਾਰੀ ਨਾ ਫੈਲ ਸਕੇ। ਉਹ ਮਾਸਕ ਅਤੇ ਸੈਨੀਟਾਇਜਰ ਦਾ ਇਸਤੇਮਾਲ ਕਰਨਾ ਅਤੇ ਸਮੇਂ-ਸਮੇਂ ਤੇ ਕੋਵੀਡ-19 ਸਬੰਧੀ ਪ੍ਰਾਪਤ ਹੋਈਆਂ ਹਦਾਇਤਾਂ ਦੀ ਪਾਲਣਾ ਕਰਨਾ ਯਕੀਨੀ ਬਣਾਉਗੇ।
5. ਇਸ ਦੌਰਾਨ ਸਿਹਤ ਵਿਭਾਗ ਦੀਆਂ ਡਰੱਗ ਸਬੰਧੀ ਹਦਾਇਤਾਂ ਅਤੇ ਕੋਵੀਡ-19 ਤੋਂ ਬਚਣ ਸਬੰਧੀ ਅਹਿਤਿਆਤ (Precautions) ਦੀਆਂ ਹਦਾਇਤਾਂ ਨੂੰ ਲਾਗੂ ਕਰਾਉਣ ਦੀ ਜਿਮੇਵਾਰੀ ਸਿਵਲ ਸਰਜਨ, ਜਲੰਧਰ ਦੀ ਹੋਵੇਗੀ ਅਤੇ ਸੁਰੱਖਿਆ ਸਬੰਧੀ ਇੰਤਜਾਮ ਕਰਨ ਦੀ ਡਿਊਟੀ ਕਮਿਸ਼ਨਰ ਆਫ ਪੁਲਿਸ/ਸੀਨੀਅਰ ਪੁਲਿਸ ਕਪਤਾਨ (ਦਿਹਾਤੀ), ਜਲੰਧਰ ਦੀ ਹੋਵੇਗੀ।

ਕੇਂਦਰ ਅਤੇ ਰਾਜ ਸਰਕਾਰ ਵੱਲੋਂ ਕੋਵਿਡ-19 ਨੂੰ ਮਹਾਂਮਾਰੀ ਘੋਸ਼ਿਤ ਕਰਕੇ National Disaster Management Act, 2005 ਨੂੰ Invoke ਕੀਤਾ ਜਾ ਚੁੱਕਾ ਹੈ। ਇਸ ਲਈ ਇਹ ਆਰਡਰ ਲੋਕ ਹਿੱਤ ਨੂੰ ਧਿਆਨ ਵਿੱਚ ਰਖਦੇ ਹੋਏ ਕੀਮਤੀ ਮਨੁੱਖੀ ਜਾਨਾਂ ਨੂੰ ਬਚਾਉਣ ਲਈ ਪਾਸ ਕੀਤਾ ਜਾ ਰਿਹਾ ਹੈ।

ਜਿਲ੍ਹਾ ਮੈਜਿਸਟਰੇਟ
ਜਲੰਧਰ

Scanned with CamScanner

# ਦਫਤਰ ਜਿਲਾ ਮੈਜਿਸਟਰੇਟ, ਜਲੰਧਰ

**Office of the District Magistrate**

Jalandhar (Punjab)

No. ..........................

Date ..........................

Phone :0181-2224783(O)
:0181-2459664(R)
Fax :0181-2224727
Email: dc.jal@punjabmail.gov.in


ਪਿੱਠ ਅੰਕਣ ਨੰ. /ਐਮ.ਸੀ.4/ਐਮ.ਏ ਮਿਤੀ- 07-04-2020

ਇਸ ਦਾ ਇਕ ਉਤਾਰਾ ਹੇਠ ਦਰਜ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ-

1. ਵਧੀਕ ਮੁੱਖ ਸਕੱਤਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ, ਪੰਜਾਬ
2. ਕਮਿਸ਼ਨਰ ਜਲੰਧਰ ਮੰਡਲ, ਜਲੰਧਰ
3. ਕਮਿਸ਼ਨਰ ਆਫ ਪੁਲਿਸ ਜਲੰਧਰ ਅਤੇ ਸੀਨੀਅਰ ਪੁਲਿਸ ਕਪਤਾਨ (ਦਿਹਾਤੀ) ਜਲੰਧਰ
4. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਜਲੰਧਰ।
5. ਜਿਲ੍ਹਾ ਲੋਕ ਸਪੰਰਕ ਅਫਸਰ, ਜਲੰਧਰ
6. ਸਿਵਲ ਸਰਜਨ, ਜਲੰਧਰ
7. ਸੁਪਪਡੰਟ ਗਰੇਡ-1, ਪੀ.ਏ. ਟੂ ਡੀ.ਐਮ., ਸਟੈਨੋ ਟੂ ਏ.ਡੀ.ਐਮ, ਸਟੈਨੋ ਟੂ ਏ.ਸੀ(ਜ), ਸਟੈਨੋ ਟੂ ਏ.ਸੀ(ਸ਼ਿ)

ਵਾ. ਜਿਲ੍ਹਾ ਮੈਜਿਸਟਰੇਟ

ਜਲੰਧਰ।

Scanned with CamScanner